# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 14-05-2025**

- ਕੇਂਦਰੀ ਮੰਤਰੀ ਮੰਡਲ ਨੇ ਉੱਤਰ ਪ੍ਰਦੇਸ਼ ਦੇ ਜੇਵਰ ਹਵਾਈ ਅੱਡੇ ਨੇੜੇ ਛੇਵੀਂ ਸੈਮੀਕੰਡਕਟਰ ਇਕਾਈ ਕਾਇਮ ਕਰਨ ਨੂੰ ਪ੍ਰਵਾਨਗੀ ਦਿੱਤੀ ਏ।
- ਪੰਜਾਬ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਕਾਰਨ ਮਰਨ ਵਾਲਿਆਂ ਦੀ ਗਿਣਤੀ 23 ਹੋ ਗਈ ਏ. ਅਦਾਲਤ ਨੇ ਗਿਰਫਤਾਰ ਕੀਤੇ ਗਏ 16 ਲੋਕਾਂ ਨੂੰ 2 ਦਿਨ ਦੇ ਪੁਲਿਸ ਰਿਮਾਂਡ ‘ਤੇ ਭੇਜ ਦਿੱਤਾ ਏ।
- ਸਰਹੱਦੀ ਸੁਰੱਖਿਆ ਬਲ BSF ਦਾ ਇੱਕ ਜਵਾਨ, ਪੂਰਨਮ ਕੁਮਾਰ ਸ਼ਾਅ, ਅੱਜ ਸਵੇਰੇ ਭਾਰਤ ਪਰਤ ਆਇਆ ਏ।
- ਪੰਜਾਬ ਵਿਚ 12 ਵੀਂ ਜਮਾਤ ਦੇ ਨਤੀਜਿਆਂ ਵਿਚ ਲੜਕੀਆਂ ਨੇ 94.32 ਫੀਸਦੀ ਪਾਸ ਦਰ ਨਾਲ ਬਿਹਤਰੀਨ ਵਿਖਾਲਾ ਦਿਖਾਉਂਦਿਆਂ ਲੜਕਿਆਂ ਨੂੰ ਪਛਾੜ ਦਿੱਤਾ ਏ।

- ਖੇਲੋ ਇੰਡੀਆ ਯੂਥ ਗੇਮਜ਼'ਚ ਪੰਜਾਬ ਨੇ ਹੁਣ ਤਕ 7 ਸੋਨੇ ਦੇ, 14 ਚਾਂਦੀ ਦੇ ਅਤੇ 19 ਕਾਂਸੀ ਦੇ ਤਮਗਿਆਂ ਸਮੇਤ ਕੁਲ 40 ਤਮਗੇ ਜਿੱਤੇ ਨੇ।

---------------------------------------------------

ਸਰਕਾਰ ਨੇ ਉੱਤਰ ਪ੍ਰਦੇਸ਼ ਦੇ ਜੇਵਰ ਹਵਾਈ ਅੱਡੇ ਨੇੜੇ ਇੱਕ ਸੈਮੀਕੰਡਕਟਰ ਇਕਾਈ ਸਥਾਪਤ ਕਰਨ ਨੂੰ ਮਨਜ਼ੂਰੀ ਦੇ ਦਿੱਤੀ ਏ । ਅੱਜ ਨਵੀਂ ਦਿੱਲੀ ਵਿੱਚ ਮੀਡੀਆ ਨੂੰ ਜਾਣਕਾਰੀ ਦਿੰਦਿਆਂ, ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ, ਇਹ ਇਕਾਈ HCL ਅਤੇ Foxconn ਦੇ ਸਾਂਝੇ ਉੱਦਮ ਨਾਲ India Semiconductor Mission ਤਹਿਤ ਕਾਇਮ ਕੀਤੀ ਜਾਏਗੀ. ਉਨ੍ਹਾਂ ਕਿਹਾ ਕਿ, ਇਹ ਪਲਾਂਟ ਪ੍ਰਤੀ ਮਹੀਨਾ 20 ਹਜ਼ਾਰ WAFERS ਲਈ ਡਿਜ਼ਾਈਨ ਕੀਤਾ ਗਿਆ ਏ ਅਤੇ ਡਿਜ਼ਾਈਨ ਆਉਟਪੁੱਟ ਸਮਰੱਥਾ ਪ੍ਰਤੀ ਮਹੀਨਾ 3 ਕਰੋੜ 60 ਲਖ ਯੂਨਿਟ ਏ । ਉਨ੍ਹਾਂ ਅੱਗੇ ਕਿਹਾ ਕਿ ਜੇਵਰ ਵਿੱਚ ਨਵੀਂ ਸੈਮੀਕੰਡਕਟਰ ਇਕਾਈ ਤਿੰਨ ਹਜ਼ਾਰ 700 ਕਰੋੜ ਰੁਪਏ ਦੀ ਪੂੰਜੀਕਾਰੀ ਨੂੰ ਆਕਰਸ਼ਿਤ ਕਰੇਗੀ-

BYTE -

ਸ਼੍ਰੀ ਵੈਸ਼ਨਵ ਨੇ ਕਿਹਾ ਕਿ, ਪੰਜ ਸੈਮੀਕੰਡਕਟਰ ਇਕਾਈਆਂ ਦੇ ਨਿਰਮਾਣ ਦਾ ਕੰਮ ਪਹਿਲਾਂ ਹੀ ਪੂਰਾ ਹੋਣ ਵਾਲਾ ਏ ਅਤੇ ਇਸ ਛੇਵੀਂ ਇਕਾਈ ਨਾਲ, ਭਾਰਤ ਰਣਨੀਤਕ ਤੌਰ 'ਤੇ ਅਹਿਮ, ਸੈਮੀਕੰਡਕਟਰ ਸਨਅਤ ਨੂੰ ਵਿਕਸਤ ਕਰਨ ਦੀ ਆਪਣੀ ਯਾਤਰਾ ਵਿੱਚ ਅੱਗੇ ਵਧ ਰਿਹਾ ਏ। ਉਨ੍ਹਾਂ ਕਿਹਾ ਕਿ, 270 ਅਕਾਦਮਿਕ ਸੰਸਥਾਵਾਂ ਅਤੇ 70 ਸਟਾਰਟਅੱਪਸ ਵਿੱਚ ਵਿਦਿਆਰਥੀ ਅਤੇ ਉੱਦਮੀ ਨਵੇਂ ਉਤਪਾਦਾਂ ਨੂੰ ਵਿਕਸਤ ਕਰਨ ਲਈ ਵਿਸ਼ਵ ਪੱਧਰੀ ਨਵੀਨਤਮ ਡਿਜ਼ਾਈਨ ਤਕਨਾਲੋਜੀਆਂ 'ਤੇ ਕੰਮ ਕਰ ਰਹੇ ਨੇ।

---------------------------------------------------------------

ਪੰਜਾਬ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਕਾਰਨ ਮਰਨ ਵਾਲਿਆਂ ਦੀ ਗਿਣਤੀ 23 ਹੋ ਗਈ ਏ. ਸਾਡੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਹਸਪਤਾਲ ਵਿੱਚ 13 ਹੋਰ ਲੋਕ ਦਾਖਿਲ ਨੇ. ਅੰਮ੍ਰਿਤਸਰ ਦੇ ਮਜੀਠਾ ਵਿਧਾਨ ਸਭਾ ਹਲਕੇ ਦੇ ਸੱਤ ਪਿੰਡਾਂ ਦੇ ਲੋਕਾਂ ਵਲੋਂ ਈਥਾਨੋਲ ਤੋਂ ਬਣੀ ਨਕਲੀ ਸ਼ਰਾਬ ਪੀਣ ਕਾਰਣ ਹੋਈ ਇਸ ਦੁਖਦ ਘਟਨਾ ਪਿੱਛੇ ਦੇ ਮੁਖ

ਸਾਜ਼ਿਸਕਾਰ ਸਮੇਤ ਹੁਣ ਤਕ ਕੁਲ 16 ਲੋਕਾਂ ਨੂੰ ਗਿਰਫਤਾਰ ਕੀਤਾ ਜਾ ਚੁਕਿਆ ਏ ਤੇ ਇਹਨਾਂ'ਤੇ ਕਤਲ ਦਾ ਮੁਕਦਮਾ ਦਰਜ ਕੀਤਾ ਗਿਆ ਏ. ਇਹਨਾਂ ਮੁਲਜ਼ਮਾਂ ਨੂੰ ਅੱਜ ਅਦਾਲਤ ਵਿਚ ਪੇਸ਼ ਕੀਤਾ ਗਿਆ. ਅਦਾਲਤ ਨੇ ਓਹਨਾਂ ਦਾ 2 ਦਿਨ ਦਾ ਪੁਲਿਸ ਰਿਮਾਂਡ ਦੇ ਦਿੱਤਾ ਏ। ਇਹਨਾਂ ਮੁਲਜ਼ਮਾਂ 'ਚ ਇੱਕ ਔਰਤ ਵੀ ਸ਼ਾਮਿਲ ਏ ਜੋ ਨਕਲੀ ਸ਼ਰਾਬ ਵੇਚਣ ਦਾ ਧੰਦਾ ਕਰਦੀ ਸੀ. ਇਸ ਘਟਨਾ 'ਚ ਮਰਨ ਵਾਲਿਆਂ 'ਚ ਉਸਦਾ ਪਤੀ ਵੀ ਸ਼ਾਮਿਲ ਏ।

***ਇਕ ਰਿਪੋਰਟ-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਮੁਲਾਕਾਤ ਕਰਦੇ ਹੋਏ ਮੰਨਿਆ ਸੀ ਕਿ ਨਕਲੀ ਸ਼ਰਾਬ ਦੀ ਵਿਕਰੀ ਦੇ ਅਜਿਹੇ ਮਾਮਲੇ ਸਿਆਸੀ ਸ਼ਮੂਲੀਅਤ ਤੋਂ ਬਿਨਾਂ ਨਹੀਂ ਹੋ ਸਕਦੇ। ਉਨ੍ਹਾਂ ਨੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਦਾ ਭਰੋਸਾ ਦਿੱਤਾ ਏ। ਸੂਬਾ ਸਰਕਾਰ ਨੇ ਮ੍ਰਿਤਕਾਂ ਦੇ ਪਰਿਵਾਰਾਂ ਨੂੰ 10-10 ਲੱਖ ਰੁਪਏ ਦਾ ਮੁਆਵਜ਼ਾ ਦੇਣ ਦਾ ਐਲਾਨ ਵੀ ਕੀਤਾ ਏ। ਇਸ ਦੌਰਾਨ, ਕੱਲ੍ਹ 600ਲੀਟਰ ਮੀਥੇਨੌਲ ਅੰਮ੍ਰਿਤਸਰ ਲਿਜਾ ਰਹੇ ਇੱਕ ਟਰੱਕ ਨੂੰ ਪਟਿਆਲਾ ਵਿੱਚ ਫੜਿਆ ਗਿਆ. ਪਟਿਆਲਾ ਦੇ***

***ਸੀਨੀਅਰ ਪੁਲਿਸ ਸੁਪਰਡੈਂਟ, ਵਰੁਣ ਸ਼ਰਮਾ ਨੇ ਪੁਸ਼ਟੀ ਕੀਤੀ ਏ ਕਿ ਦਿੱਲੀ ਤੋਂ ਆ ਰਹੀ ਖੇਪ ਨਕਲੀ ਸ਼ਰਾਬ ਬਣਾਉਣ ਲਈ ਸੀ। ਇਸ ਸੰਬੰਧ 'ਚ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ. ਅਗਲੇਰੀ ਜਾਂਚ ਜਾਰੀ ਏ ।***

---------------------------------------------------

ਸਰਹੱਦੀ ਸੁਰੱਖਿਆ ਬਲ BSF ਦਾ ਇੱਕ ਜਵਾਨ, ਪੂਰਨਮ ਕੁਮਾਰ ਸ਼ਾਅ, ਅੱਜ ਸਵੇਰੇ ਭਾਰਤ ਪਰਤ ਆਇਆ ਏ। 23 ਅਪ੍ਰੈਲ ਨੂੰ ਪੰਜਾਬ ਦੇ ਫਿਰੋਜ਼ਪੁਰ ਸੈਕਟਰ ਵਿੱਚ ਅੰਤਰ-ਰਾਸ਼ਟਰੀ ਸਰਹੱਦ ਪਾਰ ਕਰਨ ਤੋਂ ਬਾਅਦ ਪਾਕਿਸਤਾਨੀ ਰੇਂਜਰਾਂ ਨੇ ਪੂਰਨਮ ਕੁਮਾਰ ਨੂੰ ਗ੍ਰਿਫ਼ਤਾਰ ਕਰ ਲਿਆ ਸੀ । BSF ਹਲਕਿਆਂ ਨੇ ਸਾਡੇ ਜਲੰਧਰ ਵਾਲੇ ਪੱਤਰਕਾਰ ਨੂੰ ਜਵਾਨ ਦੀ ਵਾਪਸੀ ਬਾਰੇ ਪੁਸ਼ਟੀ ਕੀਤੀ ਏ । ਹਲਕਿਆਂ ਨੇ ਦੱਸਿਆ ਕਿ ਉਨ੍ਹਾਂ ਨੂੰ ਅੰਮ੍ਰਿਤਸਰ ਵਿੱਚ ਅਟਾਰੀ ਸਾਂਝੀ ਸਰਹੱਦੀ ਚੈੱਕ ਪੋਸਟ ਰਾਹੀਂ ਸੌਂਪਿਆ ਗਿਆ। ਓਹਨਾਂ ਦੀ ਸਪੁਰਦਗੀ ਸ਼ਾਂਤੀ-ਨਾਲ ਅਤੇ ਸਥਾਪਿਤ ਪ੍ਰੋਟੋਕੋਲ ਅਨੁਸਾਰ ਕੀਤੀ ਗਈ.ਗ੍ਰਿਫਤਾਰ ਕੀਤੇ ਜਾਣ ਸਮੇਂ ਉਹ

ਸਰਹੱਦੀ ਵਾੜ ਨੇੜੇ ਕੰਮ ਕਰ ਰਹੇ ਕਿਸਾਨਾਂ ਦੀ ਸੁਰੱਖਿਆ ਕਰਨ ਵਾਲੀ ਟੀਮ ਦਾ ਹਿੱਸਾ ਸਨ।

---------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਡਾ. ਅਜੈ ਕੁਮਾਰ ਨੂੰ, ਸੰਘ ਲੋਕ ਸੇਵਾ ਕਮਿਸ਼ਨ ਦਾ ਚੇਅਰਮੈਨ ਨਿਯੁਕਤ ਕੀਤਾ ਏ। ਅਮਲਾ ਅਤੇ ਸਿਖਲਾਈ ਬਾਰੇ ਵਿਭਾਗ ਵੱਲੋਂ ਜਾਰੀ ਹੁਕਮਾਂ ਅਨੁਸਾਰ, ਡਾ. ਕੁਮਾਰ ਦਾ ਕਾਰਜਕਾਲ, ਉਸ ਦਿਨ ਤੋਂ ਸ਼ੁਰੂ ਹੋਵੇਗਾ ਜਦੋਂ ਉਹ ਕਮਿਸ਼ਨ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਣਗੇ। ਡਾ. ਕੁਮਾਰ ਇੱਕ ਸੇਵਾਮੁਕਤ ਭਾਰਤੀ ਪ੍ਰਸ਼ਾਸਨਿਕ ਸੇਵਾ ਅਧਿਕਾਰੀ ਨੇ। ਉਹ ਪਹਿਲਾਂ ਅਗਸਤ 2019 ਤੋਂ ਅਕਤੂਬਰ 2022 ਤੱਕ ਰੱਖਿਆ ਸਕੱਤਰ ਵਜੋਂ ਸੇਵਾ ਨਿਭਾ ਚੁੱਕੇ ਨੇ।

---------------------------------------------------

ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਪੰਜਾਬ ਸਕੂਲ ਸਿੱਖਿਆ ਬੋਰਡ (ਪੀ.ਐਸ.ਈ.ਬੀ.) ਵੱਲੋਂ ਅੱਜ ਐਲਾਨੇ ਗਏ ਬਾਰ੍ਹਵੀਂ ਜਮਾਤ ਦੀ ਬੋਰਡ ਦੀਆਂ ਪ੍ਰੀਖਿਆ ਦੇ ਸ਼ਾਨਦਾਰ ਨਤੀਜਿਆਂ

ਲਈ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਏ ਅਤੇ ਬਿਹਤਰੀਨ ਵਿਦਿਅਕ ਕਾਰਗੁਜ਼ਾਰੀ ਪ੍ਰਤੀ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਲਗਨ ਅਤੇ ਵਚਨਬੱਧਤਾ ਦੀ ਸ਼ਲਾਘਾ ਕੀਤੀ ਏ । ਸਿੱਖਿਆ ਮੰਤਰੀ ਨੇ ਬਾਰ੍ਹਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਸਰਬੋਤਮ ਕਾਰਗੁਜ਼ਾਰੀ ਕਰਨ ਵਾਲੀਆਂ ਲੜਕੀਆਂ ਨੂੰ ਵਧਾਈ ਦਿੰਦਿਆਂ ਦੱਸਿਆ ਕਿ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਰ, ਬਰਨਾਲਾ ਦੀ ਹਰਸੀਰਤ ਕੌਰ ਨੇ 500 'ਚੋਂ 500 ਅੰਕ ਹਾਸਲ ਕਰਕੇ ਸੂਬੇ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਏ । ਇਸੇ ਤਰ੍ਹਾਂ ਐਸ.ਐਸ. ਮੈਮੋਰੀਅਲ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਕੱਸੋਆਣਾ (ਫਿਰੋਜ਼ਪੁਰ) ਦੀ ਮਨਵੀਰ ਕੌਰ ਨੇ 500 'ਚੋਂ 498 ਅੰਕ ਹਾਸਲ ਕਰਕੇ ਦੂਜਾ ਸਥਾਨ ਅਤੇ ਸ੍ਰੀ ਤਾਰਾ ਚੰਦ ਵਿਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ, ਭੀਖੀ (ਮਾਨਸਾ) ਦੀ ਅਰਸ਼ ਨੇ 500 'ਚੋਂ 498 ਅੰਕ ਹਾਸਲ ਕਰਕੇ ਤੀਜਾ ਸਥਾਨ ਹਾਸਿਲ ਕੀਤਾ ਏ । ਉਨ੍ਹਾਂ ਕਿਹਾ ਕਿ ਇਨ੍ਹਾਂ ਵਿਦਿਆਰਥਣਾਂ ਦੀ ਸ਼ਾਨਦਾਰ ਵਿਦਿਅਕ ਕਾਰਗੁਜ਼ਾਰੀ ਪ੍ਰਤੀ ਦ੍ਰਿੜ੍ਹਤਾ ਅਤੇ ਵਚਨਬੱਧਤਾ ਸੱਚਮੁੱਚ ਰੰਗ ਲਿਆਈ ਏ, ਜੋ ਹੋਰਨਾਂ ਵਿਦਿਆਰਥੀਆਂ ਲਈ ਪ੍ਰੇਰਨਾ ਸਰੋਤ ਏ ।

ਦੱਸਣਯੋਗ ਏ ਕਿ 12ਵੀਂ ਜਮਾਤ ਦੇ ਨਤੀਜਿਆਂ ਵਿੱਚ ਲੜਕੀਆਂ ਨੇ 94.32 ਫ਼ੀਸਦੀ ਪਾਸ ਦਰ ਨਾਲ ਬਿਹਤਰੀਨ ਕਾਰਗੁਜ਼ਾਰੀ ਦਿਖਾਉਂਦਿਆਂ ਲੜਕਿਆਂ ਨੂੰ ਦਿੱਤਾ ਏ।

---------------------------------------------------

ਬਟਾਲਾ ਨਜ਼ਦੀਕੀ ਕਸਬਾ ਅਮੋ ਨੰਗਲ ਵਿਖੇ ਦੋ ਕਾਰਾਂ ਦੀ ਆਹਮੋ ਸਾਹਮਣੇ ਟੱਕਰ ਹੋਣ ਕਾਰਨ ਵਾਪਰੇ ਹਾਦਸੇ ਵਿੱਚ ਇਕ ਵਿਅਕਤੀ ਦੀ ਮੌਤ ਹੋ ਜਾਣ ਅਤੇ 7 ਲੋਕਾਂ ਦੇ ਜ਼ਖਮੀ ਹੋਣ ਦਾ ਸਮਾਚਾਰ ਸਾਹਮਣੇ ਆਇਆ ਏ. 7 ਜ਼ਖਮੀਆਂ ਵਿਚੋਂ 5 ਨੂੰ ਅਮ੍ਰਿੰਤਸਰ ਰੈਫਰ ਕਰ ਦਿੱਤਾ ਗਿਆ ਏ ਜਿਹਨਾਂ ਵਿੱਚ ਇਕ ਬੱਚਾ ਵੀ ਸ਼ਾਮਿਲ ਏ।

---------------------------------------------------

ਜਲੰਧਰ ਜ਼ਿਲ੍ਹੇ ਵਿੱਚ ਕਣਕ ਦਾ ਖ਼ਰੀਦ ਸੀਜ਼ਨ ਆਪਣੀ ਅਖੀਰ ’ਤੇ ਏ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਕੀਤੇ ਸੁਚੱਜੇ ਪ੍ਰਬੰਧਾਂ ਸਦਕਾ ਬੀਤੇ ਦਿਨ ਤੱਕ 5 ਲਖ ਮੀਟ੍ਰਿਕ ਟਨ ਤੋਂ ਵਧ ਕਣਕ ਦੀ ਨਿਰਵਿਘਨ ਢੰਗ ਨਾਲ ਖ਼ਰੀਦ ਕੀਤੀ ਜਾ ਚੁੱਕੀ ਹੈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਣਕ

ਦੀ ਖ਼ਰੀਦ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੱਲ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕੁੱਲ 5 ਲਖ 10 ਹਜ਼ਾਰ 539 ਮੀਟ੍ਰਿਕ ਟਨ ਕਣਕ ਵਿਕਰੀ ਲਈ ਪਹੁੰਚੀ, ਜਿਸ ਵਿੱਚੋਂ 5 ਲਖ 10ਹਜ਼ਾਰ 475 ਮੀਟ੍ਰਿਕ ਟਨ ਫ਼ਸਲ ਦੀ ਖ਼ਰੀਦੀ ਜਾ ਚੁੱਕੀ ਏ।

---------------------------------------------------

ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਰੋਕਣ ਲਈ ਅਤੇ ਫ਼ਸਲੀ ਭਿੰਨਤਾ ਤਹਿਤ ਨਰਮਾ ਪੱਟੀ ਵਾਲੇ ਜ਼ਿਲ੍ਹਿਆਂ ਵਿੱਚ ਨਰਮੇ ਦੀ ਫਸਲ ਨੂੰ ਮੁੜ ਸੁਰਜੀਤ ਕਰਨ ਲਈ ਅਤੇ ਕਿਸਾਨਾਂ ਨੂੰ ਨਰਮੇ ਹੇਠ ਵੱਧ ਤੋਂ ਵੱਧ ਰਕਬਾ ਲਿਆਉਣ ਲਈ ਸਰਕਾਰ ਵਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਨੇ। ਇਸੇ ਸੰਬੰਧ ‘ਚ ਸ੍ਰੀ ਮੁਕਤਸਰ ਸਾਹਿਬ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਕਰਨਜੀਤ ਸਿੰਘ ਗਿੱਲ ਨੇ ਕਿਹਾ ਏ ਕਿ ਪੰਜਾਬ ਸਰਕਾਰ ਵੱਲੋਂ ਅਹਿਮ ਕਦਮ ਚੁੱਕਦਿਆਂ ਇਸ ਵਾਰ ਨਰਮੇਂ ਦੇ ਬੀ.ਟੀ. ਬੀਜ ਤੇ ਬੀਜ਼ ਦੀ ਕੁੱਲ ਕੀਮਤ ਦਾ 33 ਫੀਸਦੀ ਹਿੱਸਾ ਸਬਸਿਡੀ ਦਿੱਤੀ ਜਾ ਰਹੀ ਏ। ਇੱਕ ਕਿਸਾਨ ਨੂੰ ਵੱਧ ਤੋਂ ਵੱਧ 5 ਏਕੜ ਲਈ ਜਾਂ 10 ਬੀ.ਟੀ. ਬੀਜ ਦੇ ਪੈਕੇਟਾਂ ‘ਤੇ ਹੀ ਸਬਸਿਡੀ ਮਿਲੇਗੀ। ਇਹ

ਸਬਸਿਡੀ ਕੇਵਲ ਪੀ.ਏ.ਯੂ. ਵੱਲੋਂ ਸਿਫਾਰਸ਼ ਕੀਤੀਆਂ ਕਿਸਮਾਂ ਤੇ ਹੀ ਮਿਲੇਗੀ। ਨਰਮੇ ਦੀ ਬਿਜਾਈ ਕਰਨ ਵਾਲੇ ਕਿਸਾਨ ਸਬਸਿਡੀ ਪ੍ਰਾਪਤ ਕਰਨ ਲਈ  www.agri machinery pb.com ਪੋਰਟਲ ਉਪਰ 31 ਮਈ ਤੱਕ ਅਪਲਾਈ ਕਰ ਸਕਦੇ ਨੇ. ਸਬਸਿਡੀ ਲਈ ਅਪਲਾਈ ਕਰਨ ਸਮੇਂ ਜੇਕਰ ਕਿਸੇ ਕਿਸਾਨ ਨੂੰ ਕੋਈ ਮੁਸ਼ਕਿਲ ਪੇਸ਼ ਆਉਂਦੀ ਏ ਤਾਂ ਸਬੰਧਤ ਬਲਾਕ ਖੇਤੀਬਾੜੀ ਅਫ਼ਸਰ, ਖੇਤੀਬਾੜੀ ਵਿਕਾਸ ਜਾਂ ਵਿਸਥਾਰ ਅਫ਼ਸਰ ਨਾਲ ਸੰਪਰਕ ਕੀਤਾ ਜਾ ਸਕਦਾ ਏ। ਉਨ੍ਹਾਂ ਦੱਸਿਆ ਕਿ ਅਗੇਤੇ ਬੀਜ਼ ਗਏ ਨਰਮੇਂ ਦੀ ਫ਼ਸਲ ‘ਤੇ ਕੀੜੇ ਮਕੌੜੇ ਅਤੇ ਬਿਮਾਰੀਆਂ ਦਾ ਹਮਲਾ ਘੱਟ ਹੁੰਦਾ ਏ ਅਤੇ ਝਾੜ ਵੱਧ ਹੁੰਦਾ ਏ। ਇਸ ਲਈ ਪੰਜਾਬ ਸਰਕਾਰ ਵੱਲੋਂ ਨਰਮੇਂ ਦੀ ਅਗੇਤੀ ਬਿਜਾਈ ਲਈ ਨਹਿਰੀ ਪਾਣੀ ਦੇਣ ਲਈ ਨਹਿਰੀ ਵਿਭਾਗ ਨੂੰ ਹਦਾਇਤਾਂ ਜਾਰੀ ਕੀਤੀਆਂ ਹੋਈਆਂ ਨੇ।

--------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਅਤੇ ਮਲੋਟ ਹਲਕੇ ਤੋਂ ਵਿਧਾਇਕ ਡਾ. ਬਲਜੀਤ ਕੌਰ ਨੇ ਅੱਜ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰਕੇ ਵਿਕਾਸ ਕਾਰਜਾਂ ਅਤੇ ਹੋਰ

ਗਤੀਵਿਧੀਆਂ ਦੀ ਸਮੀਖਿਆ ਕੀਤੀ। ਇਸ ਮੌਕੇ ਬੋਲਦਿਆਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਏ ਅਤੇ ਪੂਰੇ ਸੂਬੇ ਵਿੱਚ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ ਲਗਾਤਾਰ ਲੋੜੀਂਦੇ ਫੰਡ ਜਾਰੀ ਕੀਤੇ ਜਾ ਰਹੇ ਨੇ. ਮੰਤਰੀ ਨੇ ਕਿਹਾ ਕਿ ਪੂਰੇ ਪੰਜਾਬ ਵਾਂਗ ਮਲੋਟ ਹਲਕੇ ‘ਚ ਕਿਸੇ ਵੀ ਵਿਕਾਸ ਕਾਰਜ ਲਈ ਫੰਡਾਂ ਦੀ ਕਮੀਂ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਹਰ ਪ੍ਰੋਜੈਕਟ ਨੂੰ ਪੂਰੇ ਪਾਰਦਰਸ਼ੀ ਢੰਗ ਨੇਪਰੇ ਚਾੜ੍ਹਨਾ ਯਕੀਨੀ ਬਣਾਇਆ ਜਾ ਰਿਹਾ ਏ । ਓਹਨਾਂ ਇਹ ਵੀ ਕਿਹਾ ਕਿ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਨੂੰ ਸੰਜੀਦਗੀ ਨਾਲ ਕਾਬੂ ਕੀਤਾ ਜਾ ਰਿਹਾ ਏ ਅਤੇ ਕਿਸੇ ਨੂੰ ਵੀ ਸਰਕਾਰੀ ਪੈਸੇ ਦੀ ਦੁਰਵਰਤੋਂ ਜਾਂ ਲੋਕਾਂ ਤੋਂ ਪੈਸੇ ਉਗਰਾਹੁਣ ਦੀ ਕਿਸੇ ਵੀ ਕੀਮਤ ‘ਤੇ ਇਜਾਜ਼ਤ ਨਹੀਂ ਦਿੱਤੀ ਜਾ ਰਹੀ । ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਲੋਕਾਂ ਦੀ ਖੱਜਲ ਖੁਆਰੀ ਰੋਕਣ ਲਈ ਉਨ੍ਹਾਂ ਦੀ ਸਰਕਾਰ ਵੱਲੋਂ ਵੱਡੇ ਪੱਧਰ ‘ਤੇ ਲੋਕ ਪੱਖੀ ਫ਼ੈਸਲੇ ਲਏ ਜਾ ਰਹੇ ਨੇ. ਉਨ੍ਹਾਂ ਇਹ ਵੀ

ਦੱਸਿਆ ਕਿ ਸਰਕਾਰੀ ਮਹਿਕਮਿਆਂ ਵਿੱਚ ਸੁਧਾਰ ਦੇ ਨਾਲ-ਨਾਲ ਸਮਾਜਕ ਸੁਧਾਰਾਂ ਲਈ ਵੀ ਲੋੜੀਂਦੇ ਯਤਨ ਲਗਾਤਾਰ ਜਾਰੀ ਨੇ।

---------------------------------------------------------

ਖੇਲੋ ਇੰਡੀਆ ਯੂਥ ਗੇਮਜ਼'ਚ ਅੱਜ, ਨਵੀਂ ਦਿੱਲੀ ਦੇ ਇੰਦਰਾ ਗਾਂਧੀ ਇਨਡੋਰ ਸਟੇਡੀਅਮ ਵਿੱਚ ਖਿਡਾਰੀਆਂ ਨੇ ਕਲਾਤਮਕ ਜਿਮਨਾਸਟਿਕ ਵਿੱਚ ਆਪਣੀ ਸ਼ਾਨਦਾਰ ਕਾਰਗੁਜ਼ਾਰੀ ਦਿਖਾਈ। ਮਰਦਾਂ ਦੇ ਫਲੋਰ ਫਾਈਨਲ ਵਿੱਚ, ਉੱਤਰ ਪ੍ਰਦੇਸ਼ ਦੇ ਹਰਸ਼ਿਤ ਡੀ ਨੇ ਸੋਨੇ ਦਾ ਤਗਮਾ ਜਿੱਤਿਆ। ਔਰਤਾਂ ਦੇ ਵਾਲਟਿੰਗ ਟੇਬਲ ਫਾਈਨਲ ਵਿੱਚ, ਤੇਲੰਗਾਨਾ ਦੀ ਨਿਸ਼ਿਕਾ ਅਗਰਵਾਲ ਨੇ ਸੋਨੇ ਦਾ ਤਗਮਾ ਜਿੱਤਿਆ. ਔਰਤਾਂ ਦੇ ਅਨ-ਈਵਨ ਬਾਰਜ਼ ਫਾਈਨਲ ਵਿੱਚ, ਅਨੁਸ਼ਕਾ ਪਾਟਿਲ ਨੇ ਸੋਨੇ ਦਾ ਤਗਮਾ ਜਿੱਤਿਆ। ਮਹਾਰਾਸ਼ਟਰ 51 ਸੋਨੇ ਦੇ 41 ਚਾਂਦੀ ਦੇ ਅਤੇ 41 ਹੀ ਕਾਂਸੀ ਦੇ ਤਮਗਿਆਂ ਸਮੇਤ ਕੁਲ 133 ਤਮਗਿਆਂ ਨਾਲ ਤਮਗਾ ਸੂਚੀ 'ਤੇ ਸਭ ਤੋਂ ਉਪਰ ਬਣਿਆ ਹੋਇਆ ਏ। ਪੰਜਾਬ ਨੇ ਹੁਣ ਤਕ 7 ਸੋਨੇ ਦੇ, 14 ਚਾਂਦੀ ਦੇ ਅਤੇ 19 ਕਾਂਸੀ ਦੇ ਤਮਗਿਆਂ ਸਮੇਤ ਕੁਲ 40 ਤਮਗੇ ਜਿੱਤੇ ਨੇ ।

---------------------------------------------------------------

## <u>ਆਖਿਰ ਚ ਖਾਸ ਖਬਰਾਂ</u>

- ਕੇਂਦਰੀ ਮੰਤਰੀ ਮੰਡਲ ਨੇ ਉੱਤਰ ਪ੍ਰਦੇਸ਼ ਦੇ ਜੇਵਰ ਹਵਾਈ ਅੱਡੇ ਨੇੜੇ ਛੇਵੀਂ ਸੈਮੀਕੰਡਕਟਰ ਇਕਾਈ ਕਾਇਮ ਕਰਨ ਨੂੰ ਪ੍ਰਵਾਨਗੀ ਦਿੱਤੀ ਏ ।
- ਪੰਜਾਬ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਕਾਰਨ ਮਰਨ ਵਾਲਿਆਂ ਦੀ ਗਿਣਤੀ 23 ਹੋ ਗਈ ਏ. ਅਦਾਲਤ ਨੇ ਗਿਰਫਤਾਰ ਕੀਤੇ ਗਏ 16 ਲੋਕਾਂ ਨੂੰ 2 ਦਿਨ ਦੇ ਪੁਲਿਸ ਰਿਮਾਂਡ ‘ਤੇ ਭੇਜ ਦਿੱਤਾ ਏ।
- ਸਰਹੱਦੀ ਸੁਰੱਖਿਆ ਬਲ BSF ਦਾ ਇੱਕ ਜਵਾਨ, ਪੂਰਨਮ ਕੁਮਾਰ ਸ਼ਾਅ, ਅੱਜ ਸਵੇਰੇ ਭਾਰਤ ਪਰਤ ਆਇਆ ਏ।
- ਪੰਜਾਬ ਵਿਚ 12 ਵੀਂ ਜਮਾਤ ਦੇ ਨਤੀਜਿਆਂ ਵਿਚ ਲੜਕੀਆਂ ਨੇ 94.32 ਫੀਸਦੀ ਪਾਸ ਦਰ ਨਾਲ ਬਿਹਤਰੀਨ ਵਿਖਾਲਾ ਦਿਖਾਉਂਦਿਆਂ ਲੜਕਿਆਂ ਨੂੰ ਪਛਾੜ ਦਿੱਤਾ ਏ ।

- ਖੇਲੋ ਇੰਡੀਆ ਯੂਥ ਗੇਮਜ਼’ਚ ਪੰਜਾਬ ਨੇ ਹੁਣ ਤਕ 7 ਸੋਨੇ ਦੇ, 14 ਚਾਂਦੀ ਦੇ ਅਤੇ 19 ਕਾਂਸੀ ਦੇ ਤਮਗਿਆਂ ਸਮੇਤ ਕੁਲ 40 ਤਮਗੇ ਜਿੱਤੇ ਨੇ।